

# - ਹਾੜ -



## ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ

ਆਸਾੜੁ ਭਲਾ ਸੂਰਜੁ ਗਗਨਿ ਤਪੈ ॥
ਧਰਤੀ ਦੂਖ ਸਹੈ ਸੋਖੈ ਅਗਨਿ ਭਖੈ ॥
ਅਗਨਿ ਰਸੁ ਸੋਖੈ ਮਰੀਐ ਧੋਖੈ ਭੀ ਸੋ ਕਿਰਤੁ ਨ ਹਾਰੇ ॥
ਰਥੁ ਫਿਰੈ ਛਾਇਆ ਧਨ ਤਾਕੈ ਟੀਡੁ ਲਵੈ ਮੰਝਿ ਬਾਰੇ ॥
ਅਵਗਣ ਬਾਧਿ ਚਲੀ ਦੁਖੁ ਆਗੈ ਤਿਸੁ ਸਾਚੁ ਸਮਾਲੇ ॥
ਨਾਨਕ ਜਿਸ ਨੋ ਇਹੁ ਮਨੁ ਦੀਆ ਮਰਣੁ ਜੀਵਣੁ ਪ੍ਰਭ ਨਾਲੇ ॥੮॥

(ਗੁਰੂ ਗ੍ਰੰਥ ਸਾਹਿਬ)



## ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪

ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ ॥
ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ ॥
ਦੁਯੈ ਭਾਇ ਵਿਗੁਚੀਐ ਗਲਿ ਪਈਸੁ ਜਮ ਕੀ ਫਾਸ ॥
ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ ॥
ਰੈਣਿ ਵਿਹਾਣੀ ਪਛੁਤਾਣੀ ਉਠਿ ਚਲੀ ਗਈ ਨਿਰਾਸ ॥
ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ ॥
ਕਰਿ ਕਿਰਪਾ ਪ੍ਰਭ ਆਪਣੀ ਤੇਰੇ ਦਰਸ਼ਨ ਹੋਇ ਪਿਆਸ ॥
ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ ॥
ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ ॥੫॥

(ਗੁਰੂ ਗ੍ਰੰਥ ਸਾਹਿਬ)



## ਸਵੈਯਾ ॥

*ਪਉਨ ਪ੍ਰਚੰਡ ਬਹੈ ਅਤਿ ਤਾਪਤ ਚੰਚਲ ਚਿੱਤਿ ਦਸੇ ਦਿਸ ਧਾਈ ॥*
*ਬੈਸ ਅਵਾਸ ਰਹੈ ਨਰ ਨਾਰ ਬਿਹੰਗਮ ਵਾਰ ਸੁ ਛਾਹਿ ਤਕਾਈ ॥*
*ਦੇਖ ਅਸਾੜ ਨਈ ਰਿਤ ਚਾਦਰ ਮੋਰਨ ਹੂੰ ਘਨਘੋਰ ਲਗਾਈ ॥*
*ਗਾਢ ਪਰੀ ਬਿਰਹੀ ਜਨ ਕੋ ਟਸਕਯੋ ਨ ਹੀਯੋ ਕਸਕਯੋ ਨ ਕਸਾਈ ॥ ੯੧੭ ॥*

*(ਦਸਮ ਗ੍ਰੰਥ)*

